**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 26-03-2025**

- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਾਲੀ ਵਰ੍ਹੇ 2025-26 ਲਈ, 2 ਲੱਖ 36 ਹਜ਼ਾਰ 80 ਕਰੋੜ ਰੁਪਏ ਦਾ ਚੌਥਾ ਬਜਟ ਪੇਸ਼ ਕੀਤਾ - ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ, 14 ਹਜ਼ਾਰ 524 ਕਰੋੜ ਰੁਪਏ ਰੱਖੇ ਗਏ- ਜੋ ਬੀਤੇ ਸਾਲ ਨਾਲੋਂ 5 ਫੀਸਦੀ ਵੱਧ ਏ।
- ਖੇਤੀਬਾੜੀ ਸੈਕਟਰ ਨੂੰ ਬਿਜਲੀ ਸਬਸਿਡੀ ਪ੍ਰਦਾਨ ਕਰਨ ਵਾਸਤੇ, ਬਜਟ ਵਿੱਚ 9 ਹਜ਼ਾਰ 992 ਕਰੋੜ ਰੁਪਏ ਰਾਖਵੇਂ ਕੀਤੇ ਗਏ ।
- ਭਾਰਤੀ ਜਨਤਾ ਪਾਰਟੀ ਦੇ ਘੱਟ ਗਿਣਤੀ ਮੋਰਚੇ ਵਲੋਂ ਸੌਗਾਤ-ਏ-ਮੋਦੀ ਮੁਹਿੰਮ ਦੀ ਸ਼ੁਰੂਆਤ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਗੁਰਦਾਸਪੁਰ ਤੇ ਅੰਮ੍ਰਿਤਸਰ ਵਿੱਚ 3 ਤੋਂ 8 ਅਪ੍ਰੈਲ ਤੱਕ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਕਰਕੇ ਸੂਬਾ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾਵੇਗਾ । ਅਤੇ

- IPL ਕ੍ਰਿਕਟ ਵਿਚ ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ।

---------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਵਿੱਚ ਸਰਕਾਰ ਦਾ ਮਾਲੀ ਵਰ੍ਹੇ 2025-26 ਲਈ ਚੌਥਾ ਬਜਟ ਪੇਸ਼ ਕੀਤਾ । 2 ਲੱਖ 36 ਹਜ਼ਾਰ 80 ਕਰੋੜ ਰੁਪਏ ਦਾ ਬਜਟ ਪੇਸ਼ ਕਰਦਿਆਂ ਵਿੱਤ ਮੰਤਰੀ ਨੇ ਇਸ ਨੂੰ ਬਦਲਦੇ ਪੰਜਾਬ ਦਾ ਬਜਟ ਕਰਾਰ ਦਿੱਤਾ ।

**BYTE**:

ਉਹਨਾਂ ਕਿਹਾ ਕਿ ਬੀਤੇ ਤਿੰਨ ਸਾਲਾਂ ਤੋਂ ਟੈਕਸ ਮਾਲੀਏ ਵਿੱਚ ਨਿਰੰਤਰ ਵਾਧੇ ਨਾਲ ਇਸ ਸਾਲ ਫਰਵਰੀ ਤੱਕ 14 ਫੀਸਦੀ ਦਾ ਦੋ ਅੰਕਾਂ ਦਾ ਵਾਧਾ ਹਾਸਿਲ ਕੀਤਾ ਏ। ਇਸ ਬਜਟ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ 14 ਹਜ਼ਾਰ 524 ਕਰੋੜ ਰੁਪਏ ਰੱਖੇ ਗਏ ਨੇ ਜੋ ਬੀਤੇ ਸਾਲ ਨਾਲੋਂ 5 ਫੀਸਦੀ ਵੱਧ ਏ। ਫਸਲੀ ਵਿਭਿੰਨਤਾ ਨੂੰ ਉਤਸਾਹਿਤ ਕਰਨ ਲਈ 115 ਕਰੋੜ ਰੁਪਏ ਰਾਖਵੇਂ ਕੀਤੇ ਗਏ ਨੇ ਜਿਸ ਨਾਲ ਕਿਸਾਨਾਂ ਨੂੰ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ 17 ਹਜ਼ਾਰ 500 ਰੁਪਏ ਪ੍ਰਤੀ ਹੈਕਟੇਅਰ ਦੀ ਸਬਸਿਡੀ ਮਿਲੇਗੀ ,ਜਿਸ ਨਾਲ ਕੁੱਲ 30 ਹਜ਼ਾਰ ਕਿਸਾਨਾਂ ਨੂੰ ਲਾਭ ਹੋਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਦੀ ਸਹਾਇਤਾ ਲਈ , ਖੇਤੀਬਾੜੀ ਸੈਕਟਰ ਨੂੰ ਬਿਜਲੀ ਸਬਸਿਡੀ ਪ੍ਰਦਾਨ

ਕਰਨ ਲਈ ਵਿੱਤੀ ਵਰ੍ਹੇ 2025-26 ਦੇ ਬਜਟ ਵਿੱਚ, 9 ਹਜ਼ਾਰ 992 ਕਰੋੜ ਰੁਪਏ ਰਾਖਵੇਂ ਕੀਤੇ ਗਏ ਨੇ। ਉਨ੍ਹਾਂ ਫਸਲੀ ਰਹਿੰਦ ਖੂਹੰਦ ਬੰਧਨ ਨੂੰ ਉਤਸ਼ਾਹਿਤ ਕਰਨ ਦੀ ਕਿਸਾਨਾਂ, ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਦੀ ਸਹਾਇਤਾ ਲਈ 500 ਕਰੋੜ ਰੁਪਏ ਰਾਖਵੇਂ ਕੀਤੇ ਗਏ ਨੇ। ਵਿੱਤ ਮੰਤਰੀ ਨੇ ਘਰੇਲੂ ਬਿਜਲੀ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫਤ ਬਿਜਲੀ ਪ੍ਰਦਾਨ ਕਰਨ ਲਈ 7 ਹਜ਼ਾ 614 ਕਰੋੜ ਰੁਪਏ ਦੀ ਬਜਟ ਲਾਗਤ ਦੀ ਤਜਵੀਜ਼ ਰੱਖੀ ਗਈ ਏ। ਜਿਨ੍ਹਾਂ ਟੀਦਰਜ ਜਾਤਾਂ ਦੇ ਭੈਣ ਭਰਾਵਾਂ ਨੇ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਨਿਗਮ ਤੋਂ ਕਰਜ਼ੇ ਲਈ ਹੋਏ ਨੇ ਅਤੇ ਕੁਝ ਵਾਜਬ ਕਾਰਨਾਂ ਕਰਕੇ ਪਸ ਨਹੀਂ ਕਰ ਸਕੇ, ਉਹਨਾਂ ਨੂੰ 31 ਮਾਰਚ 2020 ਤੱਕ ਲਏ ਸਾਰੇ ਕਰਜ਼ੇ ਮਾਫ ਕਰਨ ਦਾ ਵੀ ਐਲਾਨ ਕੀਤਾ ਏ। ਇਸ ਬਜਟ ਵਿਚ 'ਮੁੱਖ ਮੰਤਰੀ ਸਰਬੱਤ ਸਿਹਤ ਬੀਮਾ ਯੋਜਨਾ' ਦੀ ਬੀਮਾ ਰਾਸ਼ੀ ਨੂੰ 5 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਪ੍ਰਤੀ ਪਰਿਵਾਰ ਸਾਲਾਨਾ ਕਰ ਦਿੱਤਾ ਗਿਆ ਏ। ਵਿੱਤ ਮੰਤਰੀ ਵੱਲੋਂ ਬਜਟ ਪ੍ਰਵਾਨਗੀ ਲਈ ਪੇਸ਼ ਕਰਨ ਤੋਂ ਬਾਅਦ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਦਨ ਕੱਲ ਤੱਕ ਲਈ ਮੁਲਤਵੀ ਕਰ ਦਿੱਤਾ ਗਿਆ ਏ।

--------------------------------------------------------------------------------

ਓਧਰ ਵਿਰੋਧੀ ਦਿਰ ਦੇ ਆਗੂਆਂ ਨੇ ਬਜਟ ਬਾਰੇ ਆਪਣੇ ਪਰਤੀਕ੍ਰਮ ਦਿੱਤੇ । ਪਠਾਨਕੋਟ ਤੋਂ ਬੀਜੇਪੀ ਦੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਬਜਟ ਨੂੰ ਝੂਠੇ ਦਾਅਵੇ ਅਤੇ ਖੋਖਲੀਆਂ ਗਰੰਟੀਆਂ ਨਾਲ ਭਰਿਆ ਬਜਟ ਕਰਾਰ ਦਿੰਦਿਆ ਕਿਹਾ ਕਿ ਪੰਜਾਬ ਦੀ ਹਾਲਤ ਹੋਰ ਵੀ ਮਾੜੀ ਹੁੰਦੀ ਜਾ ਰਹੀ ਏ ਤੇ ਸੂਬਾ, ਕਰਜ਼ੇ ਵਿੱਚ ਡੁੱਬ ਰਿਹਾ ਏ ।

**BYTE:**

ਆਮ ਆਦਮੀ ਪਾਰਟੀ ਦੇ ਵਾਅਦੇ ਮੁਤਾਬਿਕ ਔਰਤਾਂ ਨੂੰ ਦਿੱਤੇ ਜਾਣ ਵਾਲੇ ਇਕ ਹਜ਼ਾਰ ਰੁਪਏ ਵੀ ਹਾਲੇ ਤੱਕ ਨਹੀਂ ਦਿੱਤੇ ਗਏ । ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਅਤੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਇਸ ਨੂੰ ਦਿਸ਼ਾਹੀਣ ਬਜਟ ਦੱਸਦਿਆਂ ਕਿਹਾ ਕਿ ਇਸ ਵਿੱਚ ਨੌਜਵਾਨਾਂ ਲਈ ਕੁਝ ਨਹੀਂ ਏ ।

**BYTE**:

ਓਧਰ ਪੰਜਾਬ ਦੇ ਵੱਖ-ਵੱਖ ਵਰਗਾਂ ਨੇ ਵੀ ਅੱਜ ਪੇਸ਼ ਕੀਤੇ ਕੀਤੇ ਗਏ

ਬਜਟ ਤੇ ਆਪਣੇ ਮਿਲੇ ਜੁਲੇ ਪ੍ਰਤੀਕਰਮ ਦਿੱਤੇ ।

**BYTE:**

---------------------------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਬਠਿੰਡਾ ਤੋਂ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਨੇ ਪੇਸ਼ ਕੀਤੇ ਗਏ ਬਜਟ ਬਾਰੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਨਾ ਸਿਰਫ਼ ਉਨ੍ਹਾਂ ਕਿਸਾਨਾਂ ਨੂੰ ਅਸਫਲ ਕੀਤਾ ਏ ਜਿਨ੍ਹਾਂ ਦੀਆਂ ਸਾਰੀਆਂ 22 ਫਸਲਾਂ ਉਨ੍ਹਾਂ ਨੇ MSP 'ਤੇ ਖਰੀਦਣ ਦਾ ਵਾਅਦਾ ਕੀਤਾ ਸੀ, ਸਗੋਂ ਉਨ੍ਹਾਂ ਸਾਰੀਆਂ ਔਰਤਾਂ ਨੂੰ ਵੀ ਅਸਫਲ ਕੀਤਾ ਹੈ ਜਿਨ੍ਹਾਂ ਨੂੰ ਸਰਕਾਰ ਨੇ 1000 ਰੁਪਏ ਪ੍ਰਤੀ ਮਹੀਨਾ ਦੇਣ ਦਾ ਭਰੋਸਾ ਦਿੱਤਾ ਸੀ। ਓਨਾ ਕਿਹਾ ਕਿ ਸਰਕਾਰ ਨੇ ਬਾਕੀ ਸਾਰੇ ਵਰਗਾਂ ਨੂੰ ਵੀ ਨਜ਼ਰਅੰਦਾਜ਼ ਕੀਤਾ ਏ ਭਾਵੇਂ ਉਹ ਨੌਜਵਾਨ ਹੋਣ ਜਿਨ੍ਹਾਂ ਕੋਲ ਕੁਝ ਨਹੀਂ ਏ ਅਤੇ ਸਰਕਾਰੀ ਕਰਮਚਾਰੀ ਜੋ ਅਜੇ ਵੀ ਪੁਰਾਣੀ ਪੈਨਸ਼ਨ ਯੋਜਨਾ ਦੇ ਲਾਗੂ ਹੋਣ ਦੀ ਉਡੀਕ ਕਰ ਰਹੇ ਨੇ।

---------------------------------------------------------------------------------

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚੇ ਦੇ ਸੂਬਾਈ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਵਿੱਤ ਮੰਤਰੀ ਨੇ ਇਸ

ਬਜਟ ਵਿੱਚ ਅਨੁਸੂਚਿਤ ਜਾਤੀ ਉਪ-ਯੋਜਨਾ ਵਿੱਚ ਅਨੁਸੂਚਿਤ ਵਰਗਾਂ ਦੇ ਵਿਕਾਸ ਲਈ ਅਨੁਸੂਚਿਤ ਜਾਤੀ ਉਪ-ਯੋਜਨਾ ਲਈ 13 ਹਜ਼ਾਰ 937 ਕਰੋੜ ਰੁਪਏ ਰਾਖਵੇਂ ਰੱਖੇ ਨੇ । ਪਰ ਪਿਛਲੇ ਤਿੰਨ ਸਾਲਾਂ ਦੌਰਾਨ ਖਰਚ ਕੀਤੀ ਗਈ ਰਕਮ ਦਾ ਵਿਸ਼ਲੇਸ਼ਣ ਅਤੇ ਵੇਰਵੇ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ। ਪਹਿਲਾਂ ਵੀ ਸਰਕਾਰਾਂ ਯੋਜਨਾਵਾਂ ਦਾ ਜ਼ਿਕਰ ਸਿਰਫ਼ ਕਾਗਜ਼ਾਂ 'ਤੇ ਹੀ ਕਰਦੀਆਂ ਸਨ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਹੀ ਕਦਮ ਚੁੱਕ ਰਹੀ ਏ । ਵਿੱਤ ਮੰਤਰੀ ਨੇ ਵਿਧਾਨ ਸਭਾ ਵਿੱਚ ਐਲਾਨ ਕੀਤਾ ਕਿ ਅਨੁਸੂਚਿਤ ਜਾਤੀਆਂ ਵੱਲੋਂ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਨਿਗਮ ਤੋਂ ਸਾਲ 2020 ਤੱਕ ਲਏ ਗਏ ਸਾਰੇ ਕਰਜ਼ੇ ਮੁਆਫ਼ ਕਰ ਦਿੱਤੇ ਗਏ ਹਨ। ਇਹ ਐਲਾਨ ਪਿਛਲੀਆਂ ਸਰਕਾਰਾਂ ਨੇ ਵੀ ਕੀਤਾ ਸੀ। ਤਿੰਨ ਸਾਲ ਬਾਅਦ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅੱਜ ਵਿਧਾਨ ਸਭਾ ਵਿੱਚ ਅਜਿਹਾ ਬਿਆਨ ਦਿੱਤਾ ਏ । ਸ੍ਰੀ ਕੈਂਥ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਅਨੁਸੂਚਿਤ ਜਾਤੀ ਪਰਿਵਾਰਾਂ ਨਾਲ ਕੀਤੇ ਗਏ

ਵਾਅਦਿਆਂ ਅਤੇ ਭਲਾਈ ਯੋਜਨਾਵਾਂ 'ਤੇ ਖਰਚ ਕੀਤੀ ਗਈ ਰਕਮ ਬਾਰੇ ਜਨਤਕ ਤੌਰ 'ਤੇ ਇੱਕ ਵ੍ਹਾਈਟ ਪੇਪਰ ਜਾਰੀ ਕਰਨ ਲਈ ਪਹਿਲ ਕਰੇ।

---------------------------------------------------------------------------------

ਭਾਰਤੀ ਜਨਤਾ ਪਾਰਟੀ ਦੇ ਘੱਟ ਗਿਣਤੀ ਮੋਰਚੇ ਨੇ, ਸੌਗਾਤ-ਏ-ਮੋਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਏ। ਇਸ ਦਾ ਉਦੇਸ਼, ਦੇਸ਼ ਭਰ ਦੇ 32 ਲੱਖ ਗਰੀਬ ਮੁਸਲਿਮ ਪਰਿਵਾਰਾਂ ਨੂੰ ਈਦ ਦੇ ਮੌਕੇ 'ਤੇ ਵਿਸ਼ੇਸ਼ ਕਿੱਟਾਂ ਵੰਡਣਾ ਏ। ਇਸ ਪਹਿਲ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਗਰੀਬ ਮੁਸਲਿਮ ਪਰਿਵਾਰ ਬਿਨਾਂ ਕਿਸੇ ਮੁਸ਼ਕਲ ਦੇ ਤਿਉਹਾਰ ਮਨਾ ਸਕਣ। ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ, BJP ਦੇ ਘੱਟ ਗਿਣਤੀ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਜਮਾਲ ਸਿੱਦੀਕੀ ਨੇ ਮੁਹਿੰਮ ਬਾਰੇ ਵਿਸਥਾਰ ਨਾਲ ਦੱਸਿਆ।

---------------------------------------------------------------------------------

ਖੁਰਾਕ ਅਤੇ ਜਨਤਕ ਵੰਡ ਬਾਰੇ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਏ ਕਿ ਸਰਕਾਰ, ਭੋਜਨ ਵਿੱਚ ਮਿਲਾਵਟ ਦੀਆਂ ਸ਼ਿਕਾਇਤਾਂ ਖਿਲਾਫ ਸਖ਼ਤ ਅਤੇ ਤੁਰੰਤ ਕਾਰਵਾਈ ਕਰਦੀ ਏ।ਅੱਜ ਲੋਕ ਸਭਾ ਵਿੱਚ ਪੂਰਕਾਂ ਦਾ

ਜਵਾਬ ਦਿੰਦੇ ਹੋਏ, ਸ੍ਰੀ ਜੋਸ਼ੀ ਨੇ ਕਿਹਾ ਕਿ ਖੁਰਾਫ ਸੁਰੱਖਿਆ ਅਤੇ ਮਿਆਰਾਂ ਬਾਰੇ ਭਾਰਤੀ ਅਥਾਰਟੀ ਕੋਲ ਵੱਖ-ਵੱਖ ਖੁਰਾਕੀ ਵਸਤਾਂ ਦੀ ਜਾਂਚ ਲਈ ਦੇਸ਼ ਭਰ ਵਿੱਚ ਟੈਸਟਿੰਗ ਪ੍ਰਯੋਗਸ਼ਾਲਾਵਾਂ ਨੇ ।

BYTE:

---------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਤੇ ਅੰਮ੍ਰਿਤਸਰ ਵਿੱਚ 3 ਤੋਂ 8 ਅਪ੍ਰੈਲ ਤੱਕ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਕਰਕੇ ਸੂਬਾ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾਵੇਗਾ । ਇਹ ਪੈਦਲ ਯਾਤਰਾ 3 ਅਪ੍ਰੈਲ ਨੂੰ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ, ਡੇਰਾ ਬਾਬਾ ਨਾਨਕ ਤੋਂ ਸ਼ੁਰੂ ਹੋ ਕੇ 8 ਅਪ੍ਰੈਲ ਨੂੰ ਜੱਲਿਆਂਵਾਲਾ ਬਾਗ, ਅੰਮ੍ਰਿਤਸਰ ਵਿਖੇ ਸਮਾਪਤ ਹੋਵੇਗੀ।ਪੰਜਾਬ ਰਾਜ ਰੈੱਡ ਕਰਾਸ ਸੁਸਾਇਟੀ ਚੰਡੀਗੜ੍ਹ ਦੇ ਸਕੱਤਰ ਸ਼ਿਵਦੁਲਾਰ ਸਿੰਘ ਢਿੱਲੋਂ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਤਿਆਰੀਆਂ ਸਬੰਧੀ ਬਾਰੇ ਮੀਟਿੰਗ ਕੀਤੀ।ਇਸ ਪੈਦਲ ਯਾਤਰਾ ਵਿੱਚ ਜ਼ਿਲ੍ਹੇ ਦੇ ਨੌਜਵਾਨ, ਖਿਡਾਰੀ, ਵਿਦਿਆਰਥੀ, ਲੇਖਕ, ਬੁੱਧੀਜੀਵੀ, ਵੱਖ-ਵੱਖ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਆਮ ਲੋਕ ਹਿੱਸਾ ਲੈ ਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਅਹਿਦ ਲੈਣਗੇ।ਉਨ੍ਹਾਂ ਦੱਸਿਆ ਕਿ

ਆਪਣੀ ਯਾਤਰਾ ਦੌਰਾਨ ਰਾਜਪਾਲ ਵੱਲੋਂ ਪਿੰਡ ਰੱਖਿਆ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਵੀ ਕੀਤੀ ਜਾਵੇਗੀ।ਡਾ. ਬੇਦੀ ਨੇ ਜ਼ਿਲ੍ਹਾ ਵਾਸੀਆਂ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਆਪਣਾ ਸਾਥ ਦੇਣ ਅਤੇ ਪੈਦਲ ਯਾਤਰਾ ਵਿੱਚ ਸ਼ਾਮਲ ਹੋ ਕੇ ਆਪਣੇ ਸੂਬੇ ਨੂੰ ਨਸ਼ਾ ਮੁਕਤ ਕਰਨ ਦਾ ਸੰਕਲਪ ਕਰਨ ਦੀ ਵੀ ਅਪੀਲ ਕੀਤੀ।

--------------------------------------------------------------------------------

ਫਾਜ਼ਿਲਕਾ ਪੁਲਿਸ ਨੇ ਭਾਰਤੀ ਸਰਹੱਦ ਵਿੱਚ ਘੁਸਪੈਠ ਕਰਨ ਵਾਲੇ ਵਿਅਕਤੀ ਨੂੰ ਕਾਬੂ ਕੀਤਾ ਏ। ਇੰਪੈਕਟਰ ਹਰਦੇਵ ਸਿੰਘ ਬੇਦੀ ਨੇ ਦੱਸਿਆ ਕਿ ਉਤਰ ਪ੍ਰਦੇਸ਼ ਦਾ ਸਲਿੰਦਰ ਚੌਹਾਨ ਅੱਜ ਪਾਕਿਸਤਾਨ ਵਾਲੇ ਪਾਸਿਓਂ ਭਾਰਤ ਦਾਖਲ ਹੋਇਆ ਸੀ, ਜਿਸ ਨੂੰ ਬੀ.ਐਸ.ਐਫ ਦੇ ਜਵਾਨਾ ਨੇ ਆਪਣੇ ਕਬਜੇ ਵਿਚ ਲੈ ਕੇ ਪੁਲਿਸ ਦੇ ਹਵਾਲੇ ਕੀਤਾ ਏ। ਉਸਦੇ ਖਿਲਾਫ ਗੈਰ ਕਾਨੂੰਨੀ ਢੰਗ ਨਾਲ ਭਾਰਤ ਦੀ ਹੱਦ ਵਿਚ ਦਾਖਲ ਹੋਣ 'ਤੇ ਵੱਖ ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਏ।

--------------------------------------------------------------------------------

IPL ਕ੍ਰਿਕਟ ਵਿਚ ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਗੁਹਾਟੀ ਦੇ ਬਰਸ-ਪਾਰਾ ਕ੍ਰਿਕਟ ਸਟੇਡੀਅਮ ਵਿੱਚ ਕੋਲਕਾਤਾ ਨਾਈਟ

ਰਾਈਡਰਜ਼ ਨਾਲ ਹੋਵੇਗਾ । ਇਹ ਮੈਚ ਸ਼ਾਮ ਸਾਢੇ ਸੱਤ ਵਜੇ ਖੇਡਿਆ ਜਾਵੇਗਾ।

---

- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਾਲੀ ਵਰ੍ਹੇ 2025-26 ਲਈ, 2 ਲੱਖ 36 ਹਜ਼ਾਰ 80 ਕਰੋੜ ਰੁਪਏ ਦਾ ਚੌਥਾ ਬਜਟ ਪੇਸ਼ ਕੀਤਾ - ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ, 14 ਹਜ਼ਾਰ 524 ਕਰੋੜ ਰੁਪਏ ਰੱਖੇ ਗਏ- ਜੋ ਬੀਤੇ ਸਾਲ ਨਾਲੋਂ 5 ਫੀਸਦੀ ਵੱਧ ਏ।
- ਖੇਤੀਬਾੜੀ ਸੈਕਟਰ ਨੂੰ ਬਿਜਲੀ ਸਬਸਿਡੀ ਪ੍ਰਦਾਨ ਕਰਨ ਵਾਸਤੇ, ਬਜਟ ਵਿੱਚ 9 ਹਜ਼ਾਰ 992 ਕਰੋੜ ਰੁਪਏ ਰਾਖਵੇਂ ਕੀਤੇ ਗਏ ।
- ਭਾਰਤੀ ਜਨਤਾ ਪਾਰਟੀ ਦੇ ਘੱਟ ਗਿਣਤੀ ਮੋਰਚੇ ਵਲੋਂ ਸੌਗਾਤ-ਏ-ਮੋਦੀ ਮੁਹਿੰਮ ਦੀ ਸ਼ੁਰੂਆਤ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਗੁਰਦਾਸਪੁਰ ਤੇ ਅੰਮ੍ਰਿਤਸਰ ਵਿੱਚ 3 ਤੋਂ 8 ਅਪ੍ਰੈਲ ਤੱਕ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਕਰਕੇ ਸੂਬਾ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾਵੇਗਾ । ਅਤੇ

- IPL ਕ੍ਰਿਕਟ ਵਿਚ ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ।